# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :05-11-2025**

**<u>ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ</u>**

- ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਅੱਜ ਧਾਰਮਿਕ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ - ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ।

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਠਾਨਕੋਟ ਸਥਿਤ ਰਣਜੀਤ ਸਾਗਰ ਡੈਮ ਦੇ ਸ਼ਾਹਪੁਰ ਕੰਢੀ ਬੈਰਾਜ ਪ੍ਰੋਜੈਕਟ ਦਾ ਉਦਘਾਟਨ ਕੀਤਾ।

- ਕਰਮਚਾਰੀ, ਜਨਤਕ ਸ਼ਿਕਾਇਤਾਂ ਅਤੇ ਪੈਨਸ਼ਨ ਰਾਜ ਮੰਤਰੀ, ਡਾ. ਜਤਿੰਦਰ ਸਿੰਘ ਨੇ ਕਿਹਾ -25 ਲੱਖ ਤੋਂ ਵੱਧ ਲੋਕਾਂ ਨੇ ਆਪਣੇ

ਡਿਜੀਟਲ ਜੀਵਨ ਸਰਟੀਫਿਕੇਟ ਤਿਆਰ ਕਰਨ ਲਈ ਚਿਹਰਾ ਪਛਾਣ ਪ੍ਰਣਾਲੀ ਨੂੰ ਅਪਣਾਇਆ ਏ।

- ਰਾਸ਼ਟਰ-ਵਿਆਪੀ ਡਿਜੀਟਲ ਜੀਵਨ ਸਰਟੀਫਿਕੇਟ ਮੁਹਿੰਮ ਦੇ ਚੋਥੇ ਗੇੜ ਤਹਿਤ, ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਕੈਂਪਾਂ ਦਾ ਆਯੋਜਨ ਅਤੇ

- QS ਵਿਸ਼ਵ ਯੂਨੀਵਰਸਿਟੀ ਰੈਂਕਿੰਗ 2026 ਵਿੱਚ ਸਭ ਤੋਂ ਵਧ 54 ਭਾਰਤੀ ਯੂਨੀਵਰਸਿਟੀਆਂ ਅਤੇ ਸੰਸਥਾਵਾਂ ਸ਼ਾਮਿਲ-ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਨੇ 276ਵਾਂ ਰੈਂਕ ਪ੍ਰਾਪਤ ਕੀਤਾ।

## ਹੁਣ ਖਬਰਾਂ ਵਿਸਥਾਰ ਨਾਲ

ਸਿੱਖ ਧਰਮ ਦੇ ਬਾਨੀ, ਸ੍ਰੀ ਗੁਰੂ ਨਾਨਕ ਦੇਵ ਜੀ ਦਾ 556ਵਾਂ ਪ੍ਰਕਾਸ਼ ਗੁਰਪੁਰਬ ਧਾਰਮਿਕ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ। ਪਿਤਾ, ਮਹਿਤਾ ਕਾਲੂ ਅਤੇ ਮਾਤਾ ਤ੍ਰਿਪਤਾ ਦੇ ਘਰ ਰਾਏ ਭੋਇ ਕੀ ਤਲਵੰਡੀ, ਜਿਸਨੂੰ ਹੁਣ ਨਨਕਾਣਾ ਸਾਹਿਬ ਕਿਹਾ ਜਾਂਦਾ ਏ, ਲਾਹੌਰ ਵਿੱਚ 1469 ਵਿੱਚ ਕੱਤਕ ਮਹੀਨੇ ਦੀ ਇਸ ਪੂਰਨਮਾਸ਼ੀ ਵਾਲੇ ਦਿਨ

ਜਨਮੇ, ਉਹ ਇੱਕ ਮਹਾਨ ਰੂਹਾਨੀ ਗੁਰੂ ਸਨ ਜਿਨ੍ਹਾਂ ਨੇ ਆਪਣਾ ਪੂਰਾ ਜੀਵਨ, ਲੋਕਾਂ ਨੂੰ ਇੱਕ ਪਰਮਾਤਮਾ ਬਾਰੇ ਅਤੇ ਇੱਕ ਈਮਾਨਦਾਰੀ, ਦਿਆਲਤਾ ਅਤੇ ਦੂਜਿਆਂ ਦੀ ਮਦਦ ਕਰਨ ਵਾਲਾ ਜੀਵਨ ਜਿਉਣ ਦਾ ਸੰਦੇਸ਼ ਦੇਣ ਲਈ ਸਮਰਪਿਤ ਕਰ ਦਿੱਤਾ। ਉਨ੍ਹਾਂ ਜਾਤਿ-ਪਾਤਿ ਵਰਗੀਆਂ ਕੁਰੀਤੀਆਂ ਦਾ ਵਿਰੋਧ ਕੀਤਾ ਅਤੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸਾਰੇ ਮਨੁੱਖ ਬਰਾਬਰ ਨੇ

## ਹੋਰ ਵੇਰਵੇ ਨਾਲ ਇਕ ਰਿਪੋਰਟ

ਪੰਜਾਬ ਭਰ ਵਿਚ ਵੱਡੀ ਗਿਣਤੀ ਵਿੱਚ ਸ਼ਰਧਾਲੂ ਗੁਰਦੁਆਰਿਆਂ ਵਿੱਚ ਮੱਥਾ ਟੇਕ ਰਹੇ ਹਨ। ਸੁਲਤਾਨਪੁਰ ਲੋਧੀ ਵਿਖੇ ਗੁਰਦੁਆਰਾ ਬੇਰ ਸਾਹਿਬ, ਜਿੱਥੇ ਗੁਰੂ ਜੀ ਨੇ 14 ਸਾਲ, 9 ਮਹੀਨੇ ਅਤੇ 13 ਦਿਨ ਤਕ ਬੇਰੀ ਹੇਠ ਧਿਆਨ ਕਰਨ ਤੋਂ ਬਾਅਦ ਗਿਆਨ ਪ੍ਰਾਪਤ ਕੀਤਾ ਸੀ ਅਤੇ ਅੰਮ੍ਰਿਤਸਰ ਵਿੱਚ ਸ੍ਰੀ ਹਰਿਮੰਦਰ ਸਾਹਿਬ ਨੂੰ ਸੁੰਦਰ ਢੰਗ ਨਾਲ ਸਜਾਇਆ ਗਿਆ ਹੈ। ਭਾਰਤ ਅਤੇ ਵਿਦੇਸ਼ਾਂ ਤੋਂ ਸ਼ਰਧਾਲੂ ਸਵੇਰ ਤੋਂ ਹੀ ਏਥੇ ਮੱਥਾ ਤਕੇਂ ਪੁੱਜ ਰਹੇ ਹਨ । ਸ਼ਰਧਾਲੂ ਬਟਾਲਾ ਦੇ ਗੁਰਦੁਆਰਾ ਕੰਧ ਸਾਹਿਬ ਦੇ ਵੀ ਦਰਸ਼ਨ ਕਰ ਰਹੇ ਹਨ ਜਿੱਥੇ ਗੁਰੂ ਨਾਨਕ ਦੇਵ ਜੀ 1487 ਵਿੱਚ ਮਾਤਾ ਸੁਲੱਖਣੀ ਜੀ ਨਾਲ ਵਿਆਹ ਕਰਨ ਲਈ ਪਹੁੰਚੇ ਸਨ। ਰਾਜ ਭਰ ਵਿੱਚ ਗੁਰਦੁਆਰਿਆਂ ਅਤੇ ਹੋਰਨਾਂ ਥਾਵਾਂ ਤੇ ਲੰਗਰ ਵਰਤਾਏ ਜਾ ਰਹੇ ਹਨ ਅਤੇ ਸ਼ਰਧਾਲੂ ਗੁਰਬਾਣੀ ਕੀਰਤਨ ਸ਼ਰਵਨ ਕਰ ਰਹੇ ਨੇ । ਸ਼ਾਮ ਨੂੰ, ਅੰਮ੍ਰਿਤਸਰ ਵਿਚ ਸ੍ਰੀ ਹਰਿਮੰਦਰ ਸਾਹਿਬ ਅਤੇ ਹੋਰ ਗੁਰਦੁਆਰਿਆਂ ਵਿੱਚ ਦੀਪਮਾਲਾ ਅਤੇ ਆਤਿਸ਼ਬਾਜ਼ੀ ਕੀਤੀ ਜਾ ਰਹੀ ਹੈ ।

---

ਓਧਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਪ੍ਰਕਾਸ਼ ਪੁਰਬ ਮੌਕੇ ਲੱਖਾਂ ਸੰਗਤਾਂ ਨੇ ਨਤਮਸਤਕ ਹੋ ਕੇ ਗੁਰੂ ਸਾਹਿਬ ਪ੍ਰਤੀ ਸ਼ਰਧਾ ਦਾ ਪ੍ਰਗਟਾਵਾ

ਕੀਤਾ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਗੁਰਦੁਆਰਾ ਬਾਬਾ ਅਟੱਲ ਰਾਏ ਸਾਹਿਬ ਜੀ ਵਿਖੇ ਅਲੌਕਿਕ ਜਲੌ ਸਜਾਏ ਗਏ ਜਿਸ ਦੇ ਸੰਗਤਾਂ ਨੇ ਦਰਸ਼ਨ ਕੀਤੇ। ਇਸੇ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਅਖੰਡਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਗੁਰਦੇਵ ਸਿੰਘ ਦੇ ਜਥੇ ਵੱਲੋਂ ਇਲਾਹੀ ਗੁਰਬਾਣੀ ਕੀਰਤਨ ਕੀਤਾ ਗਿਆ। ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਨੇ ਸੰਗਤਾਂ ਨੂੰ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਗੁਰੂ ਸਾਹਿਬ ਦੇ ਉਪਦੇਸ਼ਾਂ ’ਤੇ ਚੱਲਣ ਦੀ ਪ੍ਰੇਰਨਾ ਵੀ ਕੀਤੀ।

ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਗੁਰਮਤਿ ਸਮਾਗਮ ਦੌਰਾਨ ਪ੍ਰਚਾਰਕ ਢਾਡੀ, ਕਵੀਸ਼ਰ ਜਥਿਆਂ ਨੇ ਗੁਰ ਇਤਿਹਾਸ ਸਰਵਣ ਕਰਵਾਇਆ ਗਿਆ ਅਤੇ ਕਵੀ ਦਰਬਾਰ ਚ ਕਵੀਆਂ ਨੇ ਕਵਿਤਾਵਾਂ ਰਾਹੀਂ ਗੁਰੂ ਜਸ ਸਰਵਣ ਕਰਵਾਇਆ।

---

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੂਰਬ 'ਤੇ ਦੇਸ਼ ਵਾਸੀਆਂ ਨੂੰ ਵਧਾਈ

ਦਿੱਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਨੇ ਕਿਹਾ ਕਿ ਇਹ ਮੌਕਾ ਸਾਰਿਆਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਆਦਰਸ਼ਾਂ ਅਤੇ ਕਦਰਾਂ-ਕੀਮਤਾਂ ਨੂੰ ਅਪਣਾਉਣ ਲਈ ਪ੍ਰੇਰਿਤ ਕਰਦਾ ਏ ਅਤੇ ਇੱਕ ਬਿਹਤਰ ਸਮਾਜ ਦੇ ਨਿਰਮਾਣ ਲਈ, ਸਾਡਾ ਮਾਰਗਦਰਸ਼ਨ ਕਰਦਾ ਏ। ਰਾਸ਼ਟਰਪਤੀ ਨੇ ਸਾਰਿਆਂ ਨੂੰ ਗੁਰੂ ਜੀ ਦੇ ਆਦਰਸ਼ਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਅਤੇ ਇੱਕ ਹੋਰ ਸ਼ਾਂਤੀਪੂਰਨ ਅਤੇ ਖੁਸ਼ਹਾਲ ਰਾਸ਼ਟਰ ਬਣਾਉਣ ਲਈ ਉਨ੍ਹਾਂ ਦੇ ਮਾਰਗ 'ਤੇ ਚੱਲਣ ਦੀ ਅਪੀਲ ਕੀਤੀ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਵੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੂਰਬ 'ਤੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ਏ। ਇੱਕ ਸੋਸ਼ਲ ਮੀਡਿਆ ਪੋਸਟ ਵਿਚ, ਪ੍ਰਧਾਨ ਮੰਤਰੀ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਜੀਵਨ ਅਤੇ ਸੰਦੇਸ਼, ਮਨੁੱਖਤਾ ਦਾ ਸਦੀਵੀ ਗਿਆਨ ਨਾਲ ਮਾਰਗਦਰਸ਼ਨ ਕਰਦਾ ਰਹਿੰਦਾ ਏ। ਦਇਆ, ਸਮਾਨਤਾ, ਨਿਮਰਤਾ ਅਤੇ ਸੇਵਾ ਦੀਆਂ ਉਨ੍ਹਾਂ ਦੀਆਂ ਸਿੱਖਿਆਵਾਂ ਬਹੁਤ ਪ੍ਰੇਰਨਾਦਾਇਕ ਨੇ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਪੰਜਾਬ ਵਿਧਾਨ ਸਭਾ ਦੇ ਸਪੀਕਰ

ਕੁਲਤਾਰ ਸਿੰਘ ਸੰਧਵਾਂ ਸਮੇਤ ਪੰਜਾਬ ਦੇ ਕੈਬਿਨੇਟ ਮੰਤਰੀਆਂ ਨੇ ਵੀ ਇਸ ਪਵਿੱਤਰ ਦਿਹਾੜੇ 'ਤੇ ਲੋਕਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ।

ਇਸੇ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪਰਿਵਾਰ ਸਮੇਤ ਅੰਮ੍ਰਿਤਸਰ ਸਥਿਤ ਸ਼੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋਏ।

ਇਸ ਮੌਕੇ ਉਨ੍ਹਾਂ ਕਿਹਾ

BYTE

---------------------------------------------------------------------------------

ਪੰਜਾਬ ਸਰਕਾਰ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ 350ਵਾਂ ਸ਼ਹੀਦੀ ਦਿਹਾੜਾ ਪੂਰੀ ਸ਼ਰਧਾ ਨਾਲ ਵੱਡੇ ਪੱਧਰ ‘ਤੇ ਮਨਾ ਰਹੀ ਏ। ਪੰਜਾਬ ਦੇ ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਏ ਕਿ ਇਨ੍ਹਾਂ ਸਮਾਗਮਾਂ ਦੀ ਕਾਮਯਾਬੀ ਅਤੇ ਵਿਉਂਤਬੰਦੀ ਲਈ ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਬਾਰੇ ਵਿਭਾਗ ਨੂੰ ਨੋਡਲ ਵਿਭਾਗ ਨਿਯੁਕਤ ਕੀਤਾ ਗਿਆ ਏ। ਵੱਖ-ਵੱਖ ਸ਼ਹਿਰਾਂ ਤੋਂ ਸਜਾਏ ਜਾਣ ਵਾਲੇ ਨਗਰ ਕੀਰਤਨਾਂ ਬਾਬਤ ਉਨ੍ਹਾਂ ਨੇ ਦੱਸਿਆ ਕਿ 19 ਨਵੰਬਰ ਨੂੰ ਵੱਖ-ਵੱਖ ਧਾਰਮਿਕ ਅਸਥਾਨਾਂ ਤੋਂ ਸ਼ੁਰੂ ਹੋਣ ਵਾਲੇ 4 ਨਗਰ ਕੀਰਤਨ ਕੁੱਲ 1563 ਕਿਲੋਮੀਟਰ ਦੀ ਦੂਰੀ ਤੈਅ

ਕਰਨਗੇ ਅਤੇ ਇਹ ਪੂਰੇ ਪੰਜਾਬ ਦੇ ਪ੍ਰਮੁੱਖ ਸ਼ਹਿਰਾਂ-ਕਸਬਿਆਂ ਵਿੱਚੋਂ ਦੀ ਹੁੰਦੇ ਹੋਏ 22 ਨਵੰਬਰ ਨੂੰ ਸ੍ਰੀ ਅਨੰਦਪੁਰ ਸਾਹਿਬ ਪੁੱਜਣਗੇ। ਉਨ੍ਹਾਂ ਦੱਸਿਆ ਕਿ ਮੁੱਖ ਨਗਰ ਕੀਰਤਨ 19 ਨਵੰਬਰ ਨੂੰ ਸ੍ਰੀਨਗਰ ਤੋਂ ਸ਼ੁਰੂ ਹੋਵੇਗਾ, ਜੋ ਜੰਮੂ, ਪਠਾਨਕੋਟ, ਦਸੂਹਾ, ਹੁਸ਼ਿਆਰਪੁਰ, ਮਾਹਿਲਪੁਰ ਅਤੇ ਗੜ੍ਹਸ਼ੰਕਰ ਹੁੰਦਾ ਹੋਇਆ 22 ਨਵੰਬਰ ਨੂੰ ਨਗਰ ਕੀਰਤਨ ਸ੍ਰੀ ਅਨੰਦਪੁਰ ਸਾਹਿਬ ਪੁੱਜੇਗਾ। 19 ਨਵੰਬਰ ਨੂੰ ਨਗਰ ਕੀਰਤਨ ਦਾ ਠਹਿਰਾਅ ਜੰਮੂ ਤੇ 20 ਨਵੰਬਰ ਨੂੰ ਪਠਾਨਕੋਟ ਵਿਖੇ ਹੋਵੇਗਾ, ਜਦਕਿ 21 ਨਵੰਬਰ ਨੂੰ ਹੁਸ਼ਿਆਰਪੁਰ ਵਿਖੇ ਠਹਿਰਾਅ ਹੋਵੇਗਾ। ਇਹ ਨਗਰ ਕੀਰਤਨ ਕੁੱਲ 544 ਕਿਲੋਮੀਟਰ ਦੀ ਦੂਰੀ ਤੈਅ ਕਰੇਗਾ। ਮਾਝਾ-ਦੁਆਬਾ ਰੂਟ ‘ਤੇ 20 ਨਵੰਬਰ ਨੂੰ ਨਗਰ ਕੀਰਤਨ ਗੁਰਦਾਸਪੁਰ ਤੋਂ ਸ਼ੁਰੂ ਹੋਵੇਗਾ ।

-----------------------------------------------------------------------------------

ਪਠਾਨਕੋਟ ਜ਼ਿਲ੍ਹੇ ਵਿੱਚ ਰਣਜੀਤ ਸਾਗਰ ਡੈਮ ਹੇਠਾਂ ਸਥਿਤ ਸ਼ਾਹਪੁਰ ਕੰਢੀ ਬੈਰਾਜ ਪ੍ਰੋਜੈਕਟ 30 ਸਾਲਾਂ ਬਾਅਦ ਮੁੰਕਮਲ ਹੋ ਗਿਆ ਏ । ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਇਸਦਾ ਉਦਘਾਟਨ ਕੀਤਾ । ਜ਼ਿਕਰਯੋਗ ਏ ਕਿ ਇਸ ਪ੍ਰੋਜੈਕਟ ਦੇ ਪੂਰਾ ਹੋਣ

ਨਾਲ, ਲੋਕ ਹੜਾਂ ਦੀ ਮਾਰ ਤੋਂ ਬਚਣਗੇ ,ਕਿਸਾਨਾਂ ਨੂੰ ਖੇਤੀ ਲਈ ਲੋੜੀਂਦਾ ਪਾਣੀ ਮਿਲ ਸਕੇਗਾ,। ਇਸ ਪ੍ਰੋਜੈਕਟ ਦੇ ਪੂਰਾ ਹੋਣ ਨਾਲ ਜੰਮੂ-ਕਸ਼ਮੀਰ ਦੇ ਕਿਸਾਨਾਂ ਨੂੰ ਵੀ ਕਾਫ਼ੀ ਫਾਇਦਾ ਹੋਵੇਗਾ, ਜਿਨ੍ਹਾਂ ਨੂੰ ਪਹਿਲਾਂ ਖੇਤੀ ਲਈ ਮੀਂਹ ਦੀ ਉਡੀਕ ਕਰਨੀ ਪੈਂਦੀ ਸੀ। ਸ਼ਾਹਪੁਰ ਕੰਢੀ ਬੈਰਾਜ ਪ੍ਰੋਜੈਕਟ 'ਤੇ ਪਾਣੀ ਛੱਡਣ ਲਈ ਕੁੱਲ 22 ਗੇਟ ਬਣਾਏ ਗਏ ਨੇ।

ਇਸ ਬਾਰੇ ਵੇਰਵੇ ਸਾਂਝੇ ਕਰਦਿਆਂ ਮੁੱਖ ਮੰਤਰੀ ਨੇ ਦਸਿਆ

BYTE

--------------------------------------------------------------------------------

ਕਰਮਚਾਰੀ, ਜਨਤਕ ਸ਼ਿਕਾਇਤਾਂ ਅਤੇ ਪੈਨਸ਼ਨ ਰਾਜ ਮੰਤਰੀ, ਡਾ. ਜਤਿੰਦਰ ਸਿੰਘ ਨੇ ਕਿਹਾ ਏ ਕਿ 25 ਲੱਖ ਤੋਂ ਵੱਧ ਲੋਕਾਂ ਨੇ ਆਪਣੇ ਡਿਜੀਟਲ ਜੀਵਨ ਸਰਟੀਫਿਕੇਟ ਤਿਆਰ ਕਰਨ ਲਈ ਚਿਹਰਾ ਪਛਾਣ ਪ੍ਰਣਾਲੀ ਨੂੰ ਅਪਣਾਇਆ ਏ। ਨਵੀਂ ਦਿੱਲੀ ਵਿੱਚ ਚੌਥੀ ਦੇਸ਼ ਵਿਆਪੀ ਡਿਜੀਟਲ ਜੀਵਨ ਸਰਟੀਫਿਕੇਟ ਮੁਹਿੰਮ ਦੀ ਸ਼ੁਰੂਆਤ ਮੌਕੇ ਬੋਲਦਿਆਂ, ਡਾ. ਜਤਿੰਦਰ ਸਿੰਘ ਨੇ ਕਿਹਾ ਕਿ ਇਸ ਪਹਿਲਕਦਮੀ ਦੀ ਮੰਗੋਲੀਆ ਅਤੇ ਮਾਲਦੀਵ ਸਮੇਤ ਕਈ ਦੇਸ਼ਾਂ ਵਲੋਂ ਸ਼ਲਾਘਾ ਕੀਤੀ ਗਈ ਏ। ਉਨ੍ਹਾਂ ਕਿਹਾ ਕਿ ਇਹ ਮੁਹਿੰਮ ਇਸ ਮਹੀਨੇ ਦੇ ਅਖੀਰ ਤੱਕ ਜਾਰੀ ਰਹੇਗੀ।

ਡਾ. ਜਤਿੰਦਰ  ਨੇ ਮੁਹਿੰਮ 'ਤੇ ਇੱਕ ਕਿਤਾਬਚਾ ਅਤੇ ਇੱਕ ਲਘੂ  ਫਿਲਮ ਵੀ ਜਾਰੀ ਕੀਤੀ।

--------------------------------------------------------------------------------

ਭਾਰਤ ਸਰਕਾਰ ਦਾ ਸੰਚਾਰ ਮੰਤਰਾਲਾ, ਦੂਰਸੰਚਾਰ ਵਿਭਾਗ, ਚੰਡੀਗੜ੍ਹ ਪੈਨਸ਼ਨਰਾਂ ਦੀ ਭਲਾਈ ਲਈ ਚਲਾਈ ਗਈ, "ਰਾਸ਼ਟਰ-ਵਿਆਪੀ ਡਿਜੀਟਲ ਜੀਵਨ ਸਰਟੀਫਿਕੇਟ ਮੁਹਿੰਮ ਦੇ ਚੋਥੇ ਗੇੜ ਤਹਿਤ, ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਕੈਂਪ ਲਗਾ ਰਿਹਾ ਏ। ਇਸੇ ਮੁਹਿੰਮ ਤਹਿਤ, ਵਿਭਾਗ ਵੱਲੋਂ 6 ਨਵੰਬਰ ਨੂੰ ਲੁਧਿਆਣਾ ਦੇ ਜ਼ਿਲ੍ਹਾ ਕੋਰਟ ਕੰਪਲੈਕਸ 'ਚ ਬਚਤ ਭਵਨ ਵਿਖੇ ਇੱਕ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਏ।

--------------------------------------------------------------------------------

ਅਮਲਾ, ਜਨਤਕ ਸ਼ਿਕਾਇਤਾਂ ਅਤੇ ਪੈਨਸ਼ਨ ਮੰਤਰਾਲੇ ਦੇ ਪੈਨਸ਼ਨ ਅਤੇ ਪੈਨਸ਼ਨਰਜ਼ ਭਲਾਈ ਵਿਭਾਗ,  ਵਲੋਂ ਪਹਿਲੀ ਤੋਂ 30 ਨਵੰਬਰ ਤੱਕ ਦੇਸ਼-ਵਿਆਪੀ ਡਿਜੀਟਲ ਲਾਈਫ ਸਰਟੀਫਿਕੇਟ ਮੁਹਿੰਮ ਦਾ ਚੌਥਾ ਗੇੜ ਸ਼ੁਰੂ ਕੀਤਾ ਗਿਆ ਏ । ਇਹ ਮੁਹਿੰਮ ਪੈਨਸ਼ਨਰਾਂ ਦੇ ਡਿਜੀਟਲ ਸਸ਼ਕਤੀਕਰਨ ਸਬੰਧੀ ਸਰਕਾਰ ਦੇ ਦ੍ਰਿਸ਼ਟੀਕੋਣ ਦੇ ਤਹਿਤ ਇੱਕ ਮਹੱਤਵਪੂਰਨ ਪਹਿਲਕਦਮੀ ਏ ਜੋ ਕਿ 'ਡਿਜੀਟਲ ਇੰਡੀਆ ਅਤੇ ਇਜ਼

ਆਫ਼ ਲਿਵਿੰਗ ਮਿਸ਼ਨ' ਨਾਲ ਸਬੰਧਤ ਏ। ਦੇਸ਼ ਵਿਆਪੀ ਮੁਹਿੰਮ ਤਹਿਤ, ਪੈਨਸ਼ਨ ਅਤੇ ਪੈਨਸ਼ਨਰਜ਼ ਭਲਾਈ ਵਿਭਾਗ ਦੇ ਅੰਡਰ ਸੈਕਟਰੀ ਨਗੇਂਦਰ ਕੁਮਾਰ 6 ਨਵੰਬਰ ਨੂੰ ਅਜਨਾਲਾ ਦਾ ਦੌਰਾ ਕਰਨਗੇ, ਜਿੱਥੇ ਉਹ ਸਟੇਟ ਬੈਂਕ ਆਫ਼ ਇੰਡੀਆ ਅਤੇ ਇੰਡੀਆ ਪੋਸਟ ਪੇਮੈਂਟਸ ਬੈਂਕ , ਡਾਕ ਵਿਭਾਗ ਵੱਲੋਂ ਆਯੋਜਿਤ ਡੀ.ਐੱਲ.ਸੀ ਕੈਂਪਾਂ ਵਿੱਚ ਸ਼ਾਮਲ ਹੋਣਗੇ ਅਤੇ 7 ਨਵੰਬਰ ਨੂੰ ਅੰਮ੍ਰਿਤਸਰ ਸ਼ਹਿਰ ਦਾ ਦੌਰਾ ਕਰਨਗੇ। ਸ੍ਰੀ ਨਗੇਂਦਰ ਪ੍ਰਬੰਧਾਂ ਅਤੇ ਹੋਰ ਸੇਵਾਵਾਂ ਦਾ ਨਿਰੀਖਣ ਕਰਨਗੇ। ਡੀ.ਐੱਲ.ਸੀ ਮੁਹਿੰਮ ਆਧਾਰ-ਅਧਾਰਤ ਚਿਹਰੇ ਦੀ ਪ੍ਰਮਾਣਿਕਤਾ ਤਕਨਾਲੋਜੀ ਦੀ ਵਰਤੋਂ 'ਤੇ ਜ਼ੋਰ ਦੇਵੇਗੀ, ਬਾਇਓਮੈਟ੍ਰਿਕ ਉਪਕਰਨਾਂ 'ਤੇ ਨਿਰਭਰ ਹੋਣ ਦੀ ਜ਼ਰੂਰਤ ਨੂੰ ਖਤਮ ਕਰੇਗੀ ਅਤੇ ਪੈਨਸ਼ਨਰਾਂ ਨੂੰ ਆਪਣੇ ਸਮਾਰਟਫੋਨ ਦੀ ਵਰਤੋਂ ਕਰਕੇ ਘਰ ਬੈਠੇ ਆਪਣੇ ਜੀਵਨ ਸਰਟੀਫਿਕੇਟ ਆਸਾਨੀ ਨਾਲ ਜਮ੍ਹਾਂ ਕਰਾਉਣ ਦੇ ਯੋਗ ਬਣਾਏਗੀ। ਡੀ.ਐੱਲ.ਸੀ ਸੇਵਾ ਰਾਹੀਂ ਬਹੁਤ ਬਜ਼ੁਰਗ ਅਤੇ ਦਿਵੀਆਂਗ ਪੈਨਸ਼ਨਰਾਂ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ।

---

ਕੇਂਦਰ ਸਰਕਾਰ ਦੇ ਦੂਰਸੰਚਾਰ ਵਿਭਾਗ ਦੇ ਕੰਟਰੋਲਰ ਆਫ਼

Communication Accounts ਦਫ਼ਤਰ, ਚੰਡੀਗੜ੍ਹ, ਵੱਲੋਂ ਲੁਧਿਆਣਾ ਦੇ ਬਚਤ ਭਵਨ ਵਿਖੇ ਕੱਲ ਨੂੰ ਪੈਨਸ਼ਨਰ ਲੈਣ ਵਾਲੇ ਲੋਕਾਂ ਦੀ ਸਹੂਲਤ ਵਾਸਤੇ ਇੱਕ ਕੈਂਪ ਲਗਾਇਆ ਜਾ ਰਿਹਾ ਏ । ਕੈਂਪ ਵਿੱਚ ਪੈਨਸ਼ਨਰ ਆਪਣੇ ਜੀਵਨ ਸਰਟੀਫਿਕੇਟ ਜਮ੍ਹਾਂ ਕਰਵਾ ਸਕਦੇ ਨੇ ਇਸਤੋਂ ਇਲਾਵਾ ਪਛਾਣ ਪੱਤਰ ਲਈ ਅਰਜ਼ੀ ,ਆਪਣਾ ਫ਼ੋਨ ਨੰਬਰ ਜਾਂ ਪਤਾ ਅੱਪਡੇਟ ਕਰਨ,ਅਤੇ ਬਕਾਇਆਮਾਮਲੇ ਜਾਂ ਅਰਜ਼ੀ ਵਾਲੇ ਪੈਨਸ਼ਨਰ ਵੀ ਇਸ ਕੈਂਪ ਵਿਚ ਆ ਸਕਦੇ ਨੇ । ਬੈਂਕ ਅਧਿਕਾਰੀ ਵੀ ਕੈਂਪ ਵਿੱਚ ਸ਼ਾਮਲ ਹੋਣਗੇ ਅਤੇ ਪੈਨਸ਼ਨਰਾਂ ਨੂੰ ਜਾਣਕਾਰੀ ਪ੍ਰਦਾਨ ਕਰਨਗੇ।

---------------------------------------------------------------------------------

QS ਵਿਸ਼ਵ ਯੂਨੀਵਰਸਿਟੀ ਰੈਂਕਿੰਗ 2026 ਵਿੱਚ, ਭਾਰਤੀ ਤਕਨਾਲੋਜੀ ਸੰਸਥਾਨ, IIT ਦਿੱਲੀ, ਦੇਸ਼ ਦੇ ਸੰਸਥਾਨਾਂ ਵਿੱਚ ਸਿਖਰ 'ਤੇ ਏ ਅਤੇ ਵਿਸ਼ਵ ਪੱਧਰ 'ਤੇ 123ਵੇਂ ਸਥਾਨ 'ਤੇ ਏ। ਭਾਰਤ ਨੇ ਆਲਮੀ ਰੈਂਕਿੰਗ ਵਿੱਚ 54 ਸੰਸਥਾਵਾਂ ਨੂੰ ਸ਼ਾਮਲ ਕਰਕੇ ਇੱਕ ਰਿਕਾਰਡ ਕਾਰਗੁਜ਼ਾਰੀ ਦਿਖਾਈ ਏ, ਜਿਸ ਨਾਲ ਇਹ ਦੁਨੀਆ ਭਰ ਵਿੱਚ ਚੌਥਾ ਸਭ ਤੋਂ ਵੱਧ ਪ੍ਰਤੀਨਿਧਤਾ ਵਾਲਾ ਦੇਸ਼ ਬਣ ਗਿਆ ਏ । IIT ਦਿੱਲੀ ਤੋਂ ਬਾਅਦ, IIT ਬੰਬੇ 129ਵੇਂ, IIT ਮਦਰਾਸ 180ਵੇਂ ਅਤੇ IIT ਖੜਗਪੁਰ 215ਵੇਂ

ਸਥਾਨ 'ਤੇ ਏ। ਹੋਰ ਚੋਟੀ ਦੇ ਸੰਸਥਾਨਾਂ ਵਿੱਚ ਇੰਡੀਅਨ ਇੰਸਟੀਚਿਊਟ ਆਫ਼ ਸਾਇੰਸ, IISc, ਬੰਗਲੌਰ, 219ਵੇਂ ਅਤੇ IIT ਕਾਨਪੁਰ, 222ਵੇਂ ਸਥਾਨ 'ਤੇ ਸ਼ਾਮਲ ਹਨ। ਦਿੱਲੀ ਯੂਨੀਵਰਸਿਟੀ ਵੀ ਸਿਖਰਲੇ 350 ਵਿੱਚ ਸ਼ਾਮਲ ਏ। ਏਧਰ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਨੇ QS ਏਸ਼ੀਆ ਯੂਨੀਵਰਸਿਟੀ ਰੈਂਕਿੰਗ 2026 ਵਿੱਚ ਆਪਣੇ ਸਮੁੱਚੇ ਪ੍ਰਦਰਸ਼ਨ ਵਿੱਚ ਮਹੱਤਵਪੂਰਨ ਸੁਧਾਰ ਕਰਦਿਆਂ 276ਵਾਂ ਰੈਂਕ ਪ੍ਰਾਪਤ ਕੀਤਾ ਏ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪਿਛਲੇ ਦਹਾਕੇ ਦੌਰਾਨ, ਏਸ਼ੀਆ ਦੀਆਂ ਚੋਟੀ ਦੀਆਂ ਯੂਨੀਵਰਸਿਟੀਆਂ ਦੀ ਸੂਚੀ, QS Asia University Rankings ਵਿੱਚ, ਭਾਰਤੀ ਯੂਨੀਵਰਸਿਟੀਆਂ ਦੀ ਗਿਣਤੀ ਵਿੱਚ ਰਿਕਾਰਡ ਵਾਧੇ ਦੀ ਸ਼ਲਾਘਾ ਕੀਤੀ ਏ। ਸ਼੍ਰੀ ਮੋਦੀ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ, ਸਰਕਾਰ ਖੋਜ ਅਤੇ ਨਵੀਆਂ ਕਾਢਾਂ 'ਤੇ ਧਿਆਨ ਕੇਂਦ੍ਰਤ ਕਰਦਿਆਂ, ਨੌਜਵਾਨਾਂ ਲਈ ਮਿਆਰੀ ਸਿੱਖਿਆ ਯਕੀਨੀ ਬਣਾਉਣ ਲਈ ਵਚਨਬੱਧ ਏ। ਉਨ੍ਹਾਂ ਕਿਹਾ ਕਿ ਸਰਕਾਰ, ਦੇਸ਼ ਭਰ ਵਿੱਚ ਹੋਰ ਵਿਦਿਅਕ ਸੰਸਥਾਵਾਂ ਵਿੱਚ ਸੁਧਾਰ ਕਰਕੇ ਸੰਸਥਾਗਤ ਸਮਰੱਥਾ ਨੂੰ ਮਜ਼ਬੂਤ ਕਰ ਰਹੀ ਏ। QS Asia University Rankings ਵਿੱਚ

ਏਸ਼ੀਆ ਦੇ ਚੋਟੀ ਦੇ 100 ਸੰਸਥਾਨਾਂ ਵਿੱਚ, ਪੰਜ ਭਾਰਤੀ ਤਕਨਾਲੋਜੀ ਸੰਸਥਾਨ, ਭਾਰਤੀ ਵਿਗਿਆਨ ਸੰਸਥਾਨ-ਬੈਂਗਲੁਰੂ ਅਤੇ ਦਿੱਲੀ ਯੂਨੀਵਰਸਿਟੀ ਸ਼ਾਮਲ ਕੀਤੇ ਗਏ ਨੇ।

--------------------------------------------------------------------------------

ਬੁੱਢਾ ਦਰਿਆ ਦੀ ਸੁਰਜੀਤੀ ਲਈ ਉੱਚ-ਪੱਧਰੀ ਕਮੇਟੀ ਨੇ ਜਲ ਸਰੋਤ ਦੀ ਵਾਤਾਵਰਣਕ ਨੂੰ ਬਹਾਲ ਕਰਨ ਵੱਲ ਹੋਈ ਪ੍ਰਗਤੀ ਦੀ ਰਿਪੋਰਟ ਪੇਸ਼ ਕੀਤੀ ਏ । ਹਾਲ ਹੀ ਵਿੱਚ ਕੀਤੀ ਗਈ ਸਮੀਖਿਆ ਦੇ ਅਨੁਸਾਰ, ਜੁਲਾਈ-ਅਗਸਤ 2025 ਦੀਆਂ ਮੀਟਿੰਗਾਂ ਦੌਰਾਨ ਲਏ ਗਏ ਲਗਭਗ 90 ਫੀਸਦੀ ਫੈਸਲਿਆਂ ਨੂੰ ਲਾਗੂ ਕੀਤਾ ਗਿਆ ਏ । ਉੱਚ-ਪੱਧਰੀ ਕਮੇਟੀ ਦਾ ਗਠਨ ਪੰਜਾਬ ਸਰਕਾਰ ਵਲੋਂ  ਇਸ ਸਾਲ  14 ਜੁਲਾਈ ਦੀ ਨੋਟੀਫਿਕੇਸ਼ਨ ਰਾਹੀਂ ਕੀਤਾ ਗਿਆ ਸੀ। ਇਸਦੀ ਪ੍ਰਧਾਨਗੀ  ਉਦਯੋਗ ਅਤੇ ਵਣਜ ਮੰਤਰੀ, ਸੰਜੀਵ ਅਰੋੜਾ ਕਰ ਰਹੇ ਨੇ ।  ਡੇਅਰੀ ਰਹਿੰਦ-ਖੂੰਹਦ ਪ੍ਰਬੰਧਨ ਬਾਰੇ ਖੁਲਾਸਾ ਕਰਦੇ ਹੋਏ, ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਕਿਹਾ ਕਿ ਸ਼ਹਿਰ ਦੀ ਹੱਦ ਤੋਂ ਬਾਹਰ ਗੈਰ-ਕਾਨੂੰਨੀ ਡੇਅਰੀਆਂ ਵਿਰੁੱਧ ਕਾਰਵਾਈ ਕੀਤੀ ਗਈ ਏ ਜਿਸ ਵਿੱਚ ਜ਼ਿਲ੍ਹਾ ਕਾਰਜ

ਬਲ ਵਲੋਂ 76 ਗੈਰ-ਕਾਨੂੰਨੀ ਡੇਅਰੀਆਂ ਵਿੱਚੋਂ 71 ਨੂੰ ਬੰਦ ਕਰ ਦਿੱਤਾ ਗਿਆ ਏ।

---

ਜਲੰਧਰ ਕਮਿਸ਼ਨਰੇਟ ਪੁਲਿਸ ਨੇ ਭਾਰਗੋ ਕੈਂਪ ਨਗਰ ਵਿੱਚ ਸੁਨਿਆਰੇ ਦੀ ਦੁਕਾਨ 'ਚ ਹੋਈ ਲੁੱਟ ਦੇ ਮਾਮਲੇ ਨੂੰ ਸੁਲਝਾਉਂਦਿਆਂ ਤਿੰਨ ਮੁਲਜ਼ਮਾਂ ਸਮੇਤ ਪਨਾਹਗਾਰ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਕੋਲੋਂ ਲੁੱਟਿਆ ਸੋਨਾ, ਵਾਰਦਾਤ ਵਿੱਚ ਵਰਤਿਆ ਮੋਟਰਸਾਈਕਲ ਅਤੇ ਕਪੜੇ ਬਰਾਮਦ ਕੀਤੇ ਨੇ । ਪੁਲਿਸ ਕਮਿਸ਼ਨਰ ਧਨਪ੍ਰੀਤ ਕੋਰ ਨੇ ਦੱਸਿਆ ਕਿ ਅਵਤਾਰ ਨਗਰ ਦੇ ਅਜੈ ਕੁਮਾਰ ਦੀ ਸ਼ਿਕਾਇਤ 'ਤੇ ਮਾਮਲਾ ਦਰਜ ਕੀਤਾ ਗਿਆ ਸੀ। ਅਜੈ ਕੁਮਾਰ ਨੇ ਦੱਸਿਆ ਸੀ ਕਿ 30 ਅਕਤੂਬਰ ਨੂੰ ਸਵੇਰੇ ਕਰੀਬ 10 ਵਜੇ ਤਿੰਨ ਅਣਪਛਾਤੇ ਵਿਅਕਤੀਆਂ ਵੱਲੋਂ ਬੰਦੂਕ ਦੀ ਨੋਕ 'ਤੇ ਉਸ ਦੀ ਵਿਜੈ ਜਿਊਲਰਜ਼ ਦੀ ਦੁਕਾਨ 'ਤੇ ਲੁੱਟ ਦੀ ਵਾਰਦਾਤ ਕੀਤੀ ਗਈ ਸੀ। ਇਸ ਸਬੰਧੀ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਨੇ ਸੀ.ਸੀ.ਟੀ.ਵੀ. ਕੈਮਰਿਆਂ ਦੀ ਜਾਂਚ, ਤਕਨੀਕੀ ਸਹਾਇਤਾ ਅਤੇ ਮਨੁੱਖੀ ਖੁਫੀਆ ਜਾਣਕਾਰੀ ਦੇ ਆਧਾਰ 'ਤੇ ਵੱਖ-ਵੱਖ ਥਾਵਾਂ 'ਤੇ ਛਾਪੇਮਾਰੀ ਕਰਕੇ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਤਿੰਨੇ ਮੁਲਜ਼ਮਾਂ ਸਮੇਤ ਪਨਾਹ ਦੇਣ

ਵਾਲੇ ਨੂੰ ਰਾਜਸਥਾਨ ਦੇ ਪੁਸ਼ਕਰ ਤੋਂ ਗ੍ਰਿਫ਼ਤਾਰ ਕੀਤਾ ਏ । ਉਨ੍ਹਾਂ ਦੱਸਿਆ ਕਿ ਮੁਲਜ਼ਮਾਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਲ ਕੀਤਾ ਗਿਆ। ਪੁਲਿਸ ਰਿਮਾਂਡ ਦੌਰਾਨ ਪੁਲਿਸ ਨੇ ਮੁਲਜ਼ਮਾਂ ਕੋਲੋਂ ਚੋਰੀ ਕੀਤਾ ਸੋਨਾ ਬਰਾਮਦ ਕੀਤਾ ਏ ।

-----------------------------------------------------------------------------------

- ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਅੱਜ ਧਾਰਮਿਕ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ - ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ।

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਠਾਨਕੋਟ ਸਥਿਤ ਰਣਜੀਤ ਸਾਗਰ ਡੈਮ ਦੇ ਸ਼ਾਹਪੁਰ ਕੰਢੀ ਬੈਰਾਜ ਪ੍ਰੋਜੈਕਟ ਦਾ ਉਦਘਾਟਨ ਕੀਤਾ ।

- ਕਰਮਚਾਰੀ, ਜਨਤਕ ਸ਼ਿਕਾਇਤਾਂ ਅਤੇ ਪੈਨਸ਼ਨ ਰਾਜ ਮੰਤਰੀ, ਡਾ. ਜਤਿੰਦਰ ਸਿੰਘ ਨੇ ਕਿਹਾ -25 ਲੱਖ ਤੋਂ ਵੱਧ ਲੋਕਾਂ ਨੇ ਆਪਣੇ

ਡਿਜੀਟਲ ਜੀਵਨ ਸਰਟੀਫਿਕੇਟ ਤਿਆਰ ਕਰਨ ਲਈ ਚਿਹਰਾ ਪਛਾਣ ਪ੍ਰਣਾਲੀ  ਨੂੰ ਅਪਣਾਇਆ ਏ।

- ਰਾਸ਼ਟਰ-ਵਿਆਪੀ ਡਿਜੀਟਲ ਜੀਵਨ ਸਰਟੀਫਿਕੇਟ ਮੁਹਿੰਮ ਦੇ ਚੋਥੇ ਗੇੜ ਤਹਿਤ, ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਕੈਂਪਾਂ ਦਾ ਆਯੋਜਨ ਅਤੇ

- QS ਵਿਸ਼ਵ ਯੂਨੀਵਰਸਿਟੀ ਰੈਂਕਿੰਗ 2026 ਵਿੱਚ ਸਭ ਤੋਂ ਵਧ 54 ਭਾਰਤੀ ਯੂਨੀਵਰਸਿਟੀਆਂ ਅਤੇ ਸੰਸਥਾਵਾਂ ਸ਼ਾਮਿਲ-ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਨੇ 276ਵਾਂ ਰੈਂਕ ਪ੍ਰਾਪਤ ਕੀਤਾ।

---

**ਇਸਦੇ ਨਾਲ ਪ੍ਰਦੇਸ਼ਕ  ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ  ਬੁਲੇਟਿਨ ਤੁਸੀਂ ਸੁਣੋਗੇ  7  ਵੱਜਕੇ 30 ਮਿੰਟ  'ਤੇ  ਨਮਸਕਾਰ  !**